ਪੰਜਾਬ ਲੁੱਟਣ ਵਾਲਿਆਂ ਨੂੰ ਲੋਕ ਚੋਣਾਂ ’ਚ ਜਵਾਬ ਦੇਣਗੇ: ਮਾਨ

ਮੁੱਖ ਮੰਤਰੀ ਵੱਲੋਂ ਲੋਕ ਮਿਲਣੀ; ਲੋਕ ਭਲਾਈ ਯੋਜਨਾਵਾਂ ਜਾਰੀ ਰੱਖਣ ਦਾ ਭਰੋਸਾ

ਗੁਰਮੀਤ ਸਿੰਘ ਖੋਸਲਾ

ਸ਼ਾਹਕੋਟ, 18 ਨਵੰਬਰ

ਨਵਾਂ ਪਿੰਡ ਦੋਨੇਵਾਲ ਵਿੱਚ ਸ਼ਾਹਕੋਟ ਤੋਂ 'ਆਪ' ਦੇ ਉਮੀਦਵਾਰ ਪਾਲਾ ਜਲਾਲਪੁਰ ਦੀ ਅਗਵਾਈ ਵਿੱਚ ਲੋਕ ਮਿਲਣੀ ਕੀਤੀ ਗਈ। ਇਸ ਦੌਰਾਨ ਮੁੱਖ ਮੰਤਰੀ ਭਗਵੰਤ ਮਾਨ ਨੇ ਲੋਕਾਂ ਨੂੰ ਭਰੋਸਾ ਦਿੱਤਾ ਕਿ ਜਿੰਨਾ ਚਿਰ ਸੂਬੇ ਵਿੱਚ 'ਆਪ' ਦੀ ਸਰਕਾਰ ਰਹੇਗੀ, ਉਨਾ ਚਿਰ ਲੋਕ ਭਲਾਈ ਯੋਜਨਾਵਾਂ ਜਾਰੀ ਰਹਿਣਗੀਆਂ।

ਉਨ੍ਹਾਂ ਭਾਜਪਾ, ਕਾਂਗਰਸ ਅਤੇ ਅਕਾਲੀ ਦਲ ਨੂੰ ਘੇਰਦਿਆਂ ਕਿਹਾ ਕਿ ਜਿਨ੍ਹਾਂ ਪਾਰਟੀਆਂ ਨੇ ਦਹਾਕਿਆਂ ਤੱਕ ਸੂਬੇ 'ਤੇ ਰਾਜ ਕੀਤਾ ਅਤੇ ਜਿਨ੍ਹਾਂ ਦੇ ਰਾਜ ਵਿੱਚ ਨਸ਼ਿਆਂ ਦਾ ਕਾਰੋਬਾਰ ਫੈਲਿਆ, ਉਹੀ ਪਾਰਟੀਆਂ ਹੁਣ ਬਦਲਾਅ ਦੇ ਵਾਅਦੇ ਕਰ ਰਹੀਆਂ ਹਨ। ਮੁੱਖ ਮੰਤਰੀ ਨੇ ਕਿਹਾ ਕਿ ਜਿਨ੍ਹਾਂ ਲੋਕਾਂ ਨੇ ਸਾਲਾਂ ਤੱਕ ਸੂਬੇ ਦੀ ਲੁੱਟ ਕੀਤੀ ਹੈ, ਉਨ੍ਹਾਂ ਨੂੰ ਆਉਣ ਵਾਲੀਆਂ ਚੋਣਾਂ ਵਿੱਚ ਲੋਕ ਸਡ਼ੇ ਪੁੱਟ ਦੇਣਗੇ। ਉਨ੍ਹਾਂ ਕਿਹਾ ਕਿ ਵਿਰੋਧੀ ਧਿਰਾਂ ਦੇ ਆਗੂ ਆਪਸ ਵਿੱਚ ਮਿਲੇ ਹੋਏ ਹਨ



ਨਵਾਂ ਪਿੰਡ ਦੋਨੇਵਾਲ ਵਿੱਚ ਸੰਬੋਧਨ ਕਰਦੇ ਹੋਏ ਮੁੱਖ ਮੰਤਰੀ ਭਗਵੰਤ ਮਾਨ। ਫੋਟੋ: ਮਲਕੀਅਤ ਸਿੰਘ

ਅਤੇ ਸੱਤਾ ਵਿੱਚ ਰਹਿੰਦਿਆਂ ਇੱਕ-ਦੂਜੇ ਦੇ ਹਿੱਤਾਂ ਦੀ ਰਾਖੀ ਲਈ ਵਾਰੋ-ਵਾਰੀ ਸੱਤਾ ਭੋਗਣ ਦੀ ਖੇਡ ਖੇਡਦੇ ਹਨ। ਉਨ੍ਹਾਂ ਕਿਹਾ ਕਿ 25 ਸਾਲ ਤੱਕ ਪੰਜਾਬ 'ਤੇ ਰਾਜ ਕਰਨ ਦਾ ਦਾਅਵਾ ਕਰਨ ਵਾਲਿਆਂ ਕੋਲ ਇਸ ਸਮੇਂ 25 ਭਰੋਸੇਮੰਦ ਆਗੂ ਵੀ ਨਹੀਂ ਹਨ।

ਭਗਵੰਤ ਮਾਨ ਨੇ ਕਿਹਾ ਕਿ ਜਿਨ੍ਹਾਂ ਲੋਕਾਂ ਨੇ ਤਖ਼ਤ ਸ੍ਰੀ ਹਜ਼ੂਰ ਸਾਹਿਬ, ਤਖ਼ਤ ਸ੍ਰੀ ਪਟਨਾ ਸਾਹਿਬ, ਦਿੱਲੀ, ਹਰਿਆਣਾ ਅਤੇ ਹੋਰ ਥਾਵਾਂ 'ਤੇ ਸਿੱਖ ਮਾਮਲਿਆਂ ਵਿੱਚ ਦਖ਼ਲਅੰਦਾਜ਼ੀ ਕਰਨ ਲਈ ਭਾਜਪਾ ਨੂੰ ਜ਼ਿੰਮੇਵਾਰ ਠਹਿਰਾਇਆ ਸੀ, ਉਹੀ ਹੁਣ ਭਗਵਾਂ ਪਾਰਟੀ ਨਾਲ ਗੱਠਜੋੜ ਕਰਨ ਲਈ ਪੱਬਾਂ ਭਾਰ ਹਨ। ਨਿੱਜੀ ਹਿੱਤਾਂ ਲਈ ਸੱਤਾ ਹਾਸਲ ਕਰਨ ਵਾਲਿਆਂ ਤੋਂ ਕਦੇ ਵੀ ਲੋਕ ਭਲੇ ਦੀ ਆਸ ਨਹੀਂ ਕਰ ਸਕਦੇ। ਇਸ ਦੇ ਉਲਟ 'ਆਪ' ਸਰਕਾਰ ਲੋਕਾਂ ਦੀ ਭਲਾਈ ਲਈ ਸੂਬੇ ਦੇ ਖ਼ਜ਼ਾਨੇ ਦੇ ਇਕ-ਇਕ ਪੈਸੇ ਦੀ ਸੁਚੱਜੀ ਵਰਤੋਂ ਕਰ ਰਹੀ ਹੈ। ਲੋਕਾਂ ਦੇ ਟੈਕਸ ਦਾ ਪੈਸਾ ਸੂਬੇ ਦਾ ਹੈ ਅਤੇ ਇਸ ਨੂੰ ਲੋਕਾਂ ਦੀ ਭਲਾਈ 'ਤੇ ਸੋਚ-ਸਮਝ ਕੇ ਖ਼ਰਚ ਕੀਤਾ ਜਾ ਰਿਹਾ ਹੈ। ਇਸ ਮੌਕੇ ਮੁੱਖ ਮੰਤਰੀ ਭਗਵੰਤ ਮਾਨ ਨੇ ਸਿੱਖਿਆ ਕ੍ਰਾਂਤੀ ਅਤੇ ਨਹਿਰੀ ਪਾਣੀ ਸਣੇ ਹੋਰ ਪ੍ਰਾਪਤੀਆਂ ਦਾ ਜ਼ਿਕਰ ਕੀਤਾ।

ਕਾਂਗਰਸ ਪਾਰਟੀ ਆਖ਼ਰੀ ਸਾਹਾਂ 'ਤੇ: ਮਾਨ

ਭਗਵੰਤ ਮਾਨ ਨੇ ਕਿਹਾ ਕਿ ਕਾਂਗਰਸ ਪਾਰਟੀ ਆਖ਼ਰੀ ਸਾਹਾਂ 'ਤੇ ਹੈ ਅਤੇ ਇਹ ਬਹੁਤ ਛੇਤੀ ਖ਼ਤਮ ਹੋ ਜਾਵੇਗੀ ਕਿਉਂਕਿ ਇਸ ਕੋਲ ਲੋਕਾਂ ਅਤੇ ਸੂਬੇ ਲਈ ਕੋਈ ਦ੍ਰਿਸ਼ਟੀਕੋਣ ਨਹੀਂ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਇੱਕ ਵੰਡਿਆ ਹੋਇਆ ਘਰ ਹੈ ਜੋ ਆਪਣੇ ਅੰਦਰੂਨੀ ਕਲੇਸ਼ ਕਾਰਨ ਢਹਿ-ਢੇਰੀ ਹੋ ਜਾਵੇਗੀ।

ਸਰਕਾਰ ਨੇ ਸੂਬੇ ਨੂੰ ਕਰਜ਼ੇ ਹੇਠ ਦੱਬਿਆ: ਚੰਨੀ

ਸਾਬਕਾ ਮੁੱਖ ਮੰਤਰੀ ਦੀ ਅਗਵਾਈ 'ਚ ਕਾਂਗਰਸ ਦੀ ਸਾਈਕਲ ਯਾਤਰਾ ਜਾਰੀ



ਸਾਈਕਲ ਯਾਤਰਾ ਦੌਰਾਨ ਸੰਬੋਧਨ ਕਰਦੇ ਹੋਏ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ।

ਪ੍ਰਮੋਦ ਕੁਮਾਰ ਸਿੰਗਲਾ

ਸ਼ਹਿਣਾ, 18 ਨਵੰਬਰ

ਸਾਬਕਾ ਮੁੱਖ ਮੰਤਰੀ ਤੇ ਸੀਨੀਅਰ ਕਾਂਗਰਸੀ ਆਗੂ ਚਰਨਜੀਤ ਸਿੰਘ ਚੰਨੀ ਦੀ ਅਗਵਾਈ ਵਿੱਚ ਅੱਜ ਕਾਂਗਰਸ ਦੀ ਜਵਾਨੀ ਸੰਭਾਲ ਸਾਈਕਲ ਯਾਤਰਾ ਸ਼ਹਿਣਾ ਪੁੱਜੀ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਨੇ ਪੰਜਾਬ ਨੂੰ ਰੰਗਲਾ ਪੰਜਾਬ ਅਤੇ ਸੋਨੇ ਦੀ ਚਿੜੀ ਬਣਾਉਣ ਦਾ ਐਲਾਨ ਕੀਤਾ ਸੀ ਪਰ ਇਸ ਦੇ ਉਲਟ ਸੂਬੇ ਨੂੰ ਅਥਾਹ ਕਰਜ਼ੇ ਥੱਲੇ ਦੱਬ ਦਿੱਤਾ ਹੈ। ਉਨ੍ਹਾਂ ਮੁੱਖ ਮੰਤਰੀ ਭਗਵੰਤ ਮਾਨ 'ਤੇ ਤਨਜ਼ ਕੱਸਦਿਆਂ ਕਿਹਾ, "ਨਾ ਤਾਂ ਇੱਥੇ ਅੰਗਰੇਜ਼ ਹੀ ਦਿਹਾੜੀ ਕਰਨ ਆਏ ਹਨ ਨਾ ਹੀ ਸੱਥਾਂ 'ਚੋਂ ਸਰਕਾਰ ਚੱਲੀ।" ਚੰਨੀ ਨੇ ਕਿਹਾ ਕਿ ਪੰਜਾਬ ਵਿੱਚ ਗੈਂਗਸਟਰ ਅਮ ਆਦਮੀ ਪਾਰਟੀ ਦੀ ਦੇਣ ਹਨ। ਕਾਂਗਰਸੀ ਆਗੂ ਨੇ ਕਿਹਾ ਕਿ ਕਸਬਾ ਸ਼ਹਿਣਾ ਦੇ ਸਾਬਕਾ ਸਰਪੰਚ ਸੁਖਵਿੰਦਰ ਸਿੰਘ ਕਲਕੱਤੇ ਦੇ ਕਾਤਲਾਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ। ਇਸ ਦੀ ਉੱਚ ਪੱਧਰੀ ਜਾਂਚ ਕਰਵਾਈ ਜਾਵੇਗੀ। ਚੰਨੀ ਨੇ ਕਿਹਾ ਕਿ ਪੰਜਾਬ ਦਾ ਇਹ ਹਲਕਾ ਨਸ਼ਿਆਂ ਦਾ ਅੱਡਾ ਬਣ ਚੁੱਕਾ ਹੈ। ਇਸ ਲਈ ਮੌਜੂਦਾ ਸਰਕਾਰ ਜ਼ਿੰਮੇਵਾਰ ਹੈ। ਇਸ ਮੌਕੇ ਹਲਕਾ ਬਰਨਾਲਾ ਦੇ ਵਿਧਾਇਕ ਕੁਲਦੀਪ ਸਿੰਘ ਕਾਲਾ ਢਿੱਲੋਂ, ਸਾਬਕਾ ਵਿਧਾਇਕ ਪਿਰਮਲ ਸਿੰਘ ਧੌਲਾ, ਸਤਵੀਰ ਸਿੰਘ ਧੌਲਾ, ਮਲਕੀਤ ਕੌਰ ਸਹੋਤਾ, ਹਰਮੇਲ ਸਿੰਘ ਟੱਲੇਵਾਲੀਆ, ਹਰਦੇਵ ਸਿੰਘ ਗਿੱਲ, ਸੁਖਵਿੰਦਰ ਸਿੰਘ ਧਾਲੀਵਾਲ, ਸੀਨੀਅਰ ਆਗੂ ਗਿਰਧਾਰੀ ਲਾਲ ਗਰਗ ਤੇ ਹੋਰ ਹਾਜ਼ਰ ਸਨ।

'ਬੇਅਦਬੀ ਦੇ ਦੋਸ਼ੀ ਵੋਟਾਂ ਦੇ ਹੱਕਦਾਰ ਨਹੀਂ'

ਰਾਮਪੁਰਾ ਫੂਲ (ਖੇਤਰੀ ਪ੍ਰਤੀਨਿਧ): ਜਦਨੀ ਸੰਭਾਲ ਸਾਈਕਲ ਯਾਤਰਾ ਤਹਿਤ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਅਤੇ ਸਾਬਕਾ ਮੰਤਰੀ ਗੁਰਪ੍ਰੀਤ ਸਿੰਘ ਕਾਂਗੜ ਅੱਜ ਮਿਹਰਾਜ ਪਹੁੰਚੇ। ਇਸ ਮੌਕੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਸ਼ਿਸੋ ਤੌਰ ਉਤੇ ਕਿਸੇ ਦਾ ਨਾਂ ਲਏ ਬਿਨਾਂ ਕਿਹਾ ਕਿ ਗੁਰੂ ਦੀ ਬੇਅਦਬੀ ਦੇ ਦੋਸ਼ੀ ਲੋਕ ਵੋਟਾਂ ਦੇ ਹੱਕਦਾਰ ਨਹੀਂ ਅਤੇ ਲੋਕ ਵੋਟਾਂ ਦੌਰਾਨ ਸ਼ਿਮੋਵਾਰ ਲੋਕਾਂ ਨੂੰ ਜ਼ਰੂਰ ਸਜ਼ਾ ਦੇਣਗੇ। ਚਰਨਜੀਤ ਸਿੰਘ ਚੰਨੀ ਨੇ ਕਿਹਾ ਕਿ ਪੰਜਾਬ 'ਚ ਨਸ਼ਿਆਂ ਕਾਰਨ ਘਰਾਂ 'ਚ ਸੱਥਰ ਵਿਛ ਗਏ ਹਨ। ਸੱਤਾ ਧਿਰ ਨੂੰ ਨਿਸ਼ਾਨੇ 'ਤੇ ਲੈਂਦਿਆਂ ਚੰਨੀ ਨੇ ਕਿਹਾ ਕਿ ਆਮ ਲੋਕਾਂ ਦਾ ਜਿਊਣਾ ਔਖਾ ਹੋ ਗੁਰੰਬਾ ਹੈ ਤੇ ਸੂਬੇ ਅੰਦਰ ਗੈਂਗਸਟਰਵਾਦ ਭਾਰੂ ਹੋ ਰਿਹਾ ਹੈ।

ਸਾਬਕਾ ਮੁੱਖ ਮੰਤਰੀ ਨੇ ਵਿਵੇਕ ਆਸ਼ਰਮ 'ਚ ਮੱਥਾ ਟੇਕਿਆ

ਤਣੇਤ (ਰਾਜਿੰਦਰ ਵਰਮਾ): ਸਾਬਕਾ ਮੁੱਖ ਮੰਤਰੀ ਅਤੇ ਕਾਂਗਰਸ ਦੇ ਸੀਨੀਅਰ ਆਗੂ ਚਰਨਜੀਤ ਸਿੰਘ ਚੰਨੀ ਨੇ ਆਪਣੀ 'ਜਵਾਨੀ ਸੰਭਾਲ ਯਾਤਰਾ' ਦੌਰਾਨ ਅੱਜ ਵਿਵੇਕ ਆਸ਼ਰਮ ਚੀਮਾ ਪਹੁੰਚ ਕੇ ਮੱਥਾ ਟੇਕਿਆ। ਆਸ਼ਰਮ ਦੇ ਪ੍ਰਬੰਧਕ ਵੱਲੋਂ ਉਨ੍ਹਾਂ ਦਾ ਸਵਾਗਤ ਕੀਤਾ ਗਿਆ। ਇਸ ਮੌਕੇ ਗੱਲ ਕਰਦਿਆਂ ਚਰਨਜੀਤ ਸਿੰਘ ਚੰਨੀ ਨੇ ਸੂਬੇ ਦੀ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ 'ਤੇ ਤਿੱਖੇ ਸ਼ਬਦੀ ਹਮਲੇ ਕੀਤੇ। ਚੰਨੀ ਨੇ ਦੋਸ਼ ਲਾਇਆ ਕਿ ਮੌਜੂਦ ਸਰਕਾਰ ਦੀਆਂ ਨੀਤੀਆਂ ਕਰਨ ਪੰਜਾਬ ਦਾ ਹਰ ਵਰਗ ਪ੍ਰੇਸ਼ਾਨ ਹੈ। ਇਸ ਮੌਕੇ ਪਿੰਡ ਚੀਮਾ ਨਾਲ ਸਬੰਧਤ ਕਾਂਗਰਸੀ ਆਗੂ ਡਾ. ਗੁਰਪ੍ਰੀਤ ਸਿੰਘ ਚੀਮਾ, ਡਾ. ਕਰਮਜੀਤ ਸਿੰਘ ਬੱਚੂ, ਸਮਿਤੀ ਮੈਂਬਰ ਨਰੈਣਜ ਸਿੰਘ ਚੀਮਾ ਤੇ ਹੋਰ ਵਰਕਰ ਹਾਜ਼ਰ ਸਨ।

ਬੇਅਦਬੀ ਮਾਮਲਾ

ਅਕਾਲ ਤਖ਼ਤ ਵੱਲੋਂ ਗੁਰਦੁਆਰਾ ਪ੍ਰਬੰਧਕ ਤੇ ਦਿੱਲੀ ਕਮੇਟੀ ਦੇ ਮੈਂਬਰ ਤਲਬ

- ਦਿੱਲੀ 'ਚ 17 ਨੂੰ ਵਾਪਰੀ ਸੀ ਘਟਨਾ
- ਪ੍ਰਬੰਧਕਾਂ ਨੇ ਮਾਮਲੇ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ: ਜਥੇਦਾਰ

ਜਗਤਾਰ ਸਿੰਘ ਲਾਂਬਾ

ਅੰਮ੍ਰਿਤਸਰ, 18 ਨਵੰਬਰ

ਦਿੱਲੀ ਵਿੱਚ ਬੇਅਦਬੀ ਦੀ ਘਟਨਾ ਦਾ ਨੋਟਿਸ ਲੈਂਦਿਆਂ ਅਕਾਲ ਤਖ਼ਤ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਮਾਮਲੇ ਵਿੱਚ ਲਾਪ੍ਰਵਾਹੀ ਵਰਤਣ ਦੇ ਦੋਸ਼ ਹੇਠ ਗੁਰਦੁਆਰਾ ਕਮੇਟੀ ਦੇ ਮੈਂਬਰਾਂ ਅਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦੋ ਮੈਂਬਰਾਂ ਨੂੰ ਤਲਬ ਕੀਤਾ ਹੈ। ਜਾਣਕਾਰੀ ਅਨੁਸਾਰ ਦਿੱਲੀ ਦੇ ਤਿਲਕ ਨਗਰ ਸਥਿਤ ਗੁਰਦੁਆਰਾ ਗੁਰੂ ਸਿੰਘ ਸਭਾ ਸਾਹਿਬਪੁਰਾ 'ਚ ਇੱਕ ਵਿਅਕਤੀ ਵੱਲੋਂ ਗੁਰੂ ਗ੍ਰੰਥ ਸਾਹਿਬ ਦੇ ਅੰਗ ਪਾੜ ਕੇ ਬੇਅਦਬੀ ਕੀਤੀ ਗਈ ਹੈ। ਘਟਨਾ ਦੀ ਨਿਖੇਧੀ ਕਰਦਿਆਂ ਜਥੇਦਾਰ ਗੜਗੱਜ



ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦਿੱਲੀ ਸਿੱਖ ਮਿਸ਼ਨ ਰਾਹੀਂ ਘਟਨਾ ਸਬੰਧੀ ਰਿਪੋਰਟ ਪ੍ਰਾਪਤ ਕੀਤੀ ਹੈ। ਦਿੱਲੀ ਦੀ ਸਿੱਖ ਸੰਗਤ ਵੱਲੋਂ ਵੀ ਲਕੱਤਰੇਤ ਅਕਾਲ ਤਖ਼ਤ ਸਾਹਿਬ ਵਿਖੇ ਸ਼ਿਕਾਇਤਾਂ ਭੇਜੀਆਂ ਗਈਆਂ ਹਨ। ਸ਼ਿਕਾਇਤ ਅਨੁਸਾਰ ਬੇਅਦਬੀ ਹੋਣ ਤੋਂ ਬਾਅਦ ਪ੍ਰਬੰਧਕਾਂ ਨੇ ਮਾਮਲੇ ਨੂੰ ਸੰਜੀਦਗੀ ਨਾਲ ਨਹੀਂ ਲਿਆ ਅਤੇ ਗੁਰੂ ਘਰ ਅੰਦਰ ਸੁਰੱਖਿਆ ਦੇ ਪੁਖਤਾ ਪ੍ਰਬੰਧ ਵਿੱਚ ਅਣਗਹਿਲੀ ਵਰਤੀ, ਜਿਸ ਕਰ ਕੇ ਸਿੱਖ ਸੰਗਤ ਦੇ ਮਨਾਂ ਵਿੱਚ ਭਾਰੀ ਰੋਸ ਹੈ।

ਇਸ 'ਤੇ ਕਾਰਵਾਈ ਕਰਦਿਆਂ ਜਥੇਦਾਰ ਨੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਰਮਿੰਦਰ ਸਿੰਘ ਅਤੇ ਬੀਬੀ ਰਣਜੀਤ ਕੌਰ, ਗੁਰਦੁਆਰਾ ਸਾਹਿਬ ਦੀ ਪੰਜ ਮੈਂਬਰੀ ਕਮੇਟੀ ਦੇ ਮੈਂਬਰ ਪ੍ਰੇਮ ਸਿੰਘ, ਮਨਮੋਹਨ ਸਿੰਘ, ਸਰੂਪ ਸਿੰਘ, ਹਰਬੀਰ ਸਿੰਘ ਅਤੇ ਸੁਖਦੇਵ ਸਿੰਘ ਸਮੇਤ ਸਮੁੱਚੀ ਪ੍ਰਬੰਧਕ ਕਮੇਟੀ ਨੂੰ 21 ਨਵੰਬਰ ਨੂੰ ਸਵੇਰੇ 11 ਵਜੇ ਆਪਣਾ ਲਿਖਤੀ ਸਪੱਸ਼ਟੀਕਰਨ ਲੈ ਕੇ ਨਿੱਜੀ ਰੂਪ ਵਿੱਚ ਪੇਸ਼ ਹੋਣ ਦੇ ਹੁਕਮ ਦਿੱਤੇ ਹਨ। ਜਥੇਦਾਰ ਨੇ ਕਿਹਾ ਕਿ ਲੰਮੇ ਸਮੇਂ ਤੋਂ ਸਿੱਖ ਕੌਮ ਬੇਅਦਬੀਆਂ ਕੀਤੀਆਂ ਜਾ ਰਹੀਆਂ ਹਨ ਅਤੇ ਦਿੱਲੀ ਦੇ ਤਿਲਕ ਨਗਰ ਵਿੱਚ ਵਾਪਰੀ ਘਟਨਾ ਵੀ ਇਸੇ ਲੜੀ ਦਾ ਹਿੱਸਾ ਜਾਪਦੀ ਹੈ। ਉਨ੍ਹਾਂ ਕਿਹਾ ਕਿ ਬੇਅਦਬੀ ਕਰਨ ਵਾਲੇ ਦੋਸ਼ੀ ਦੀ ਮਨਸ਼ਾ ਅਤੇ ਇਸ ਪਿਛੇ ਕਿਹੜੀਆਂ ਤਾਕਤਾਂ ਕੰਮ ਕਰ ਰਹੀਆਂ ਹਨ, ਇਹ ਨਸ਼ਰ ਹੋਣੀਆਂ ਚਾਹੀਦੀਆਂ ਹਨ। ਉਨ੍ਹਾਂ ਦੇਸ਼-ਵਿਦੇਸ਼ ਦੇ ਸਮੂਹ ਗੁਰਦੁਆਰਾ ਪ੍ਰਬੰਧਕਾਂ ਨੂੰ ਤਾਕੀਦ ਕੀਤੀ ਕਿ ਉਹ ਆਪੋ-ਆਪਣੇ ਅਸਥਾਨਾਂ 'ਤੇ ਸੁਰੱਖਿਆ ਦੇ ਪ੍ਰਬੰਧ ਪੁਖਤਾ ਰੱਖਣ ਅਤੇ ਹਰ ਸ਼ੱਕੀ ਪਰਿਚਰਦਾਰੀ ਯਕੀਨੀ ਜਾਵੇ। ਉਨ੍ਹਾਂ ਦੱਸਿਆ ਕਿ 15 ਨਵੰਬਰ ਨੂੰ ਘਟਨਾ ਵਾਪਰੀ ਸੀ ਅਤੇ ਪ੍ਰਬੰਧਕਾਂ ਨੂੰ 17 ਨਵੰਬਰ ਤੱਕ ਇਸ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ। ਉਨ੍ਹਾਂ ਕਿਹਾ ਕਿ ਭਾਵੇਂ ਕਿ ਮੁਲਜ਼ਮ ਹੁਣ ਪੁਲੀਸ ਹਿਰਾਸਤ ਵਿੱਚ ਹੈ ਪਰ ਇਸ ਘਟਨਾ ਵਿੱਚ ਪ੍ਰਬੰਧਕਾਂ ਦੀ ਵੱਡੀ ਅਣਗਹਿਲੀ ਹੈ ਜਿਸ ਕਰ ਕੇ ਉਨ੍ਹਾਂ ਨੂੰ ਤਲਬ ਕੀਤਾ ਗਿਆ ਹੈ।

ਮੈਡੀਕਲ ਸਟੋਰ ਦੇ ਮਾਲਕ 'ਤੇ ਹਮਲਾ

ਟ੍ਰਿਬਿਊਨ ਨਿਊਜ਼ ਸਰਵਿਸ

ਲੁਧਿਆਣਾ, 18 ਨਵੰਬਰ

ਥਾਣਾ ਡਾਬਾ ਅਧੀਨ ਆਉਂਦੇ ਖੇਤਰ ਸਥਿਤ ਇਕ ਮੈਡੀਕਲ ਸਟੋਰ 'ਤੇ ਲੰਘੀ ਰਾਤ ਦਾਖ਼ਲ ਹੋਏ ਹਥਿਆਰਬੰਦ ਨੌਜਵਾਨਾਂ ਨੇ ਦੁਕਾਨ ਮਾਲਕ 'ਤੇ ਹਮਲਾ ਕਰ ਦਿੱਤਾ। ਇਸ ਦੌਰਾਨ ਹਮਲਾਵਰ ਨਗਦੀ ਲੁੱਟਣ ਦੀ ਕੋਸ਼ਿਸ਼ ਕਰਨ ਲੱਗੇ ਤਾਂ ਦੁਕਾਨਦਾਰ ਦੀ ਪਤਨੀ ਮੌਕੇ 'ਤੇ ਪਹੁੰਚ ਗਈ ਅਤੇ ਉਹ ਵਾਰਦਾਤ ਨੂੰ ਅੰਜਾਮ ਦਿੱਤੇ ਬਿਨਾਂ ਹੀ ਫ਼ਰਾਰ ਹੋ ਗਏ। ਲੁੱਟ ਦੀ ਕੋਸ਼ਿਸ਼ ਦੀ ਇਹ ਪੂਰੀ ਵਾਰਦਾਤ ਦੁਕਾਨ ਵਿੱਚ ਲੱਗੀ ਸੀ ਸੀ ਟੀ ਵੀ ਕੈਮਰਿਆਂ ਵਿੱਚ ਕੈਦ ਹੋ ਗਈ ਹੈ। ਕੋਹਲੀ ਮੈਡੀਕਲ ਸਟੋਰ ਦੇ ਮਾਲਕ ਗੁਰਮੀਤ ਸਿੰਘ ਕੋਹਲੀ ਨੇ ਪੁਲੀਸ ਨੂੰ ਦੱਸਿਆ ਕਿ ਇਹ ਵਾਰਦਾਤ ਰਾਤ ਕਰੀਬ ਸਾਢੇ 9 ਵਜੇ ਹੋਈ। ਵਾਰਦਾਤ ਤੋਂ ਪੰਜ ਮਿੰਟ ਪਹਿਲਾਂ ਹੀ ਦੁਕਾਨ ਦਾ ਕਰਿੰਦਾ ਆਪਣਾ ਕੰਮ ਖ਼ਤਮ ਕਰ ਕੇ ਘਰ ਚਲਾ ਗਿਆ ਸੀ ਅਤੇ ਉਸ ਸਮੇਂ ਉਹ ਕਾਊਂਟਰ 'ਤੇ ਇਕੱਲਾ ਸੀ। ਪੁਲੀਸ ਨੇ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

ਗੱਡੀ ਦਰੱਖਤ ਨਾਲ ਟਕਰਾਈ, ਬੱਚੇ ਦੀ ਮੌਤ

ਪੱਤਰ ਪ੍ਰੇਰਕ/ਨਿੱਜੀ ਪੱਤਰ ਪ੍ਰੇਰਕ

ਸਮਾਣਾ, 18 ਨਵੰਬਰ

ਸਮਾਣਾ-ਪਾਤੜਾਂ ਰੋਡ 'ਤੇ ਪਿੰਡ ਸ਼ਾਹਪੁਰ ਨੇੜੇ ਅੱਜ ਦੁਪਹਿਰ ਇੱਕ ਕਾਰ ਦੇ ਅਚਾਨਕ ਬੇਕਾਬੂ ਹੋ ਕੇ ਦਰੱਖਤ ਵਿਚ ਵੱਜਣ ਕਾਰਨ ਕਾਰ ਵਿਚ ਸਵਾਰ ਇੱਕ ਮਹੀਨੇ ਦੇ ਬੱਚੇ ਦੀ ਮੌਤ ਹੋ ਗਈ। ਹਾਦਸੇ ਵਿੱਚ ਤਿੰਨ ਜਣੇ ਗੰਭੀਰ ਜ਼ਖ਼ਮੀ ਹੋ ਗਏ। ਇਨ੍ਹਾਂ ਨੂੰ ਇਲਾਜ ਲਈ ਸਿਵਲ ਹਸਪਤਾਲ ਸਮਾਣਾ ਲਿਆਂਦਾ ਗਿਆ, ਜਿੱਥੇ ਮੁੱਢਲੀ ਸਹਾਇਤਾ ਦੇਣ ਉਪਰੰਤ ਉਨ੍ਹਾਂ ਨੂੰ ਪਟਿਆਲਾ ਦੇ ਰਜਿੰਦਰਾ ਹਸਪਤਾਲ ਰੈਫਰ ਕਰ ਦਿੱਤਾ ਗਿਆ। ਜਾਣਕਾਰੀ ਅਨੁਸਾਰ ਅੰਗਰੇਜ਼ ਪੁੱਤਰ ਰਾਮ ਰਾਮ ਵਾਸੀ ਪਿੰਡ ਅਤਾਲਾ ਕਾਰ ਵਿਚ ਸਵਾਰ ਹੋ ਕੇ ਆਪਣੀ ਪਤਨੀ ਚਰਨੋ ਦੇਵੀ, ਨੂੰਹ ਮਨਪ੍ਰੀਤ ਕੌਰ ਅਤੇ ਇੱਕ ਮਹੀਨੇ ਦੇ ਪੋਤੇ ਮਨਕਰੀਰਤ ਨਾਲ ਪਟਿਆਲਾ ਗਏ ਸਨ। ਜਦੋਂ ਉਹ ਪਿੰਡ ਪਰਤ ਰਹੇ ਸਨ ਤਾਂ ਸ਼ਾਹਪੁਰ ਨੇੜੇ ਕਾਰ ਚਲਾ ਰਹੇ ਅੰਗਰੇਜ਼ ਦੀ ਅੱਖ ਲੱਗ ਗਈ। ਇਸ ਕਾਰਨ ਉਨ੍ਹਾਂ ਦੀ ਕਾਰ ਬੇਕਾਬੂ ਹੋ ਕੇ ਦਰੱਖਤ ਨਾਲ ਜਾ ਟਕਰਾਈ। ਹਾਦਸੇ ਵਿੱਚ ਬੱਚੇ ਮਨਕੀਰਤ ਦੀ ਮੌਕੇ 'ਤੇ ਹੀ ਮੌਤ ਹੋ ਗਈ ਜਦਕਿ ਬਾਕੀ ਗੰਭੀਰ ਜ਼ਖ਼ਮੀ ਹੋ ਗਏ। ਇਨ੍ਹਾਂ ਨੂੰ ਸੜਕ ਸੁਰੱਖਿਆ ਫੋਰਸ ਦੀ ਟੀਮ ਸਮਾਣਾ ਦੇ ਸਿਵਲ ਹਸਪਤਾਲ ਲੈ ਕੇ ਆਈ।

ਮਜੀਠੀਆ ਨੇ ਅਦਾਲਤ ਤੋਂ ਵਿਦੇਸ਼ ਜਾਣ ਦੀ ਇਜਾਜ਼ਤ ਮੰਗੀ

ਐੱਸ ਏ ਐੱਸ ਨਗਰ (ਮੁਹਾਲੀ) (ਖੇਤਰੀ ਪ੍ਰਤ